# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :24-06-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ |**

- ਪੰਜਾਬ 'ਚ ਕੱਲ੍ਹ 25 ਜੂਨ ਤੋਂ ਵੋਟਰ ਸੂਚੀਆਂ ਦੀ ਮਹੀਨਾ ਭਰ ਚੱਲਣ ਵਾਲੀ ਵਿਸ਼ੇਸ਼ ਤੀਬਰ ਸੋਧ-SIR ਹੋਵੇਗੀ ਸ਼ੁਰੂ ।

- ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਅੱਜ ਜਲੰਧਰ ਦੇ ਮੁੱਖ ਰੇਲਵੇ ਫਾਟਕਾਂ 'ਤੇ ਬਣਾਏ ਜਾਣ ਵਾਲੇ ਓਵਰ ਬ੍ਰਿਜਾਂ ਦੇ ਨੀਂਹ ਪੱਥਰ ਰੱਖਿਆ ।

- ਕੇਂਦਰ ਸਰਕਾਰ ਨੇ ਪੁਸ਼ਟੀ ਕੀਤੀ -ਸਾਉਣੀ ਸੀਜ਼ਨ-2026 ਲਈ ਪੰਜਾਬ ਵਿੱਚ ਯੂਰੀਆ ਅਤੇ DAP ਖਾਦ ਦੀ ਲੋੜੀਂਦੀ ਮਾਤਰਾ ਉਪਲਬਧ ਏ ।

- ਪੰਜਾਬ ਸਰਕਾਰ ਵੱਲੋਂ ਮੋਹਾਲੀ ਵਿਖੇ "ਐਨ.ਆਰ.ਆਈ. ਮਿਲਣੀ-2026" ਦਾ ਆਯੋਜਨ।

- ਮੌਸਮ ਵਿਭਾਗ ਨੇ ਅੱਜ ਤੋਂ ਲੈ ਕੇ 26 ਜੂਨ ਤੱਕ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਕੁਝ ਥਾਵਾਂ 'ਤੇ ਗਰਜ ਚਮਕ ਦੇ ਨਾਲ ਹਲਕੀ ਤੋਂ ਦਰਮਿਆਨੀ ਵਰਖਾ ਬਾਰੇ ਯੈਲੋ ਅਲਰਟ ਜਾਰੀ ਕੀਤਾ ।

## <u>ਹੁਣ ਖ਼ਬਰਾਂ ਵਿਸਥਾਰ ਨਾਲ।</u>

ਪੰਜਾਬ ਕੱਲ੍ਹ 25 ਜੂਨ ਤੋਂ ਵੋਟਰ ਸੂਚੀਆਂ ਦੀ ਇੱਕ ਮਹੀਨਾ ਭਰ ਚੱਲਣ ਵਾਲੀ ਵਿਸ਼ੇਸ਼ ਤੀਬਰ ਸੋਧ-SIR ਸ਼ੁਰੂ ਕਰੇਗਾ। ਇਹ 24 ਜੁਲਾਈ ਤੱਕ ਜਾਰੀ ਰਹੇਗਾ। ਪੰਜਾਬ ਦੀ ਮੁੱਖ ਚੋਣ ਅਧਿਕਾਰੀ ਅਨਿੰਦਿਤਾ ਮਿੱਤਰਾ ਨੇ ਅੱਜ ਇੱਕ ਪ੍ਰੈਸ ਕਾਨਫਰੰਸ ਦੌਰਾਨ ਦੱਸਿਆ ਕਿ ਅੰਤਿਮ ਵੋਟਰ ਸੂਚੀ ਪਹਿਲੀ ਅਕਤੂਬਰ, 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੋਲਿੰਗ ਬੂਥਾਂ ਦੀ ਰੈਸ਼ਨੇਲਾਈਜੇਸ਼ਨ 24 ਜੁਲਾਈ ਤੱਕ ਕੀਤੀ ਜਾਵੇਗੀ। ਖਰੜਾ  ਵੋਟਰ ਸੂਚੀ 3 ਅਗਸਤ ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ। ਇਤਰਾਜ਼ ਅਤੇ ਦਾਅਵੇ 3 ਅਗਸਤ ਤੋਂ 2 ਸਤੰਬਰ ਤੱਕ ਜਮ੍ਹਾਂ ਕਰਵਾਏ ਜਾ ਸਕਦੇ ਨੇ । ਨੋਟਿਸ ਦੀ ਮਿਆਦ 3 ਅਗਸਤ ਤੋਂ 28

ਸਤੰਬਰ ਤੱਕ ਹੋਵੇਗੀ। ਪ੍ਰਕਿਰਿਆ ਬਾਰੇ ਜਾਣਕਾਰੀ ਦਿੰਦੇ ਹੋਏ, ਸ਼੍ਰੀਮਤੀ ਮਿੱਤਰਾ ਨੇ ਕਿਹਾ ।

BYTE

ਕੁਝ ਮੀਡੀਆ ਰਿਪੋਰਟਾਂ ਜਿਨ੍ਹਾਂ ਵਿਚ ਕਿਹਾ ਗਿਆ ਕਿ ਜਿਨ੍ਹਾਂ ਵੋਟਰਾਂ ਦੀ ਮੈਪਿੰਗ ਨਹੀਂ ਕੀਤੀ ਗਈ , ਉਨ੍ਹਾਂ ਦੇ ਨਾਮ ਵੋਟਰ ਸੂਚੀ ਵਿੱਚੋਂ ਕੱਟ ਦਿੱਤੇ ਜਾਣਗੇ ਬਾਰੇ ਸਪੱਸ਼ਟੀਕਰਨ ਦਿੰਦੇ ਹੋਏ ਕਿ ਉਨ੍ਹਾਂ ਦਸਿਆ।

BYTE

ਉਨ੍ਹਾਂ ਦਸਿਆ ਕਿ ਸੂਬੇ ਵਿਚ ਸਭ ਤੋਂ ਵੱਧ ਮੈਪਿੰਗ, ਮਾਨਸਾ ਜ਼ਿਲੇ ਵਿਚ 96.07 ਫੀਸਦੀ ਅਤੇ ਸਭ ਤੋਂ ਘੱਟ ਮੋਹਾਲੀ ਜ਼ਿਲੇ ਵਿਚ 69.05 ਫੀਸਦੀ ਹੋਈ ਏ । ਕੱਲ੍ਹ, ਮੁੱਖ ਚੋਣ ਅਧਿਕਾਰੀ ਨੇ 25 ਜੂਨ ਤੋਂ 24 ਜੁਲਾਈ ਤੱਕ ਬੂਥ-ਪੱਧਰੀ ਅਧਿਕਾਰੀਆਂ-BLOs ਦੇ ਘਰ-ਘਰ ਦੌਰੇ ਦੌਰਾਨ ਗਣਨਾ ਫਾਰਮਾਂ ਦੀ ਵੰਡ, ਭਰਨ ਅਤੇ ਇਕੱਤਰ ਕਰਨ ਸੰਬੰਧੀ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਇੱਕ ਮੀਟਿੰਗ ਵੀ ਕੀਤੀ।

---------------------------------------------------

ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਅੱਜ ਜਲੰਧਰ ਦੇ ਮੁੱਖ ਰੇਲਵੇ ਫਾਟਕਾਂ 'ਤੇ ਬਣਾਏ ਜਾਣ ਵਾਲੇ ਓਵਰ ਬ੍ਰਿਜਾਂ ਦਾ ਨੀਂਹ ਪੱਥਰ ਰੱਖਿਆ। ਇਹ ਰੇਲਵੇ ਓਵਰ ਬ੍ਰਿਜ ਭੀੜ ਬੜੱਕੇ ਵਾਲੇ ਦੋ ਰੇਲਵੇ

CROSSING ਗੁਰੂ ਨਾਨਕਪੁਰਾ ਅਤੇ ਬੱਸ ਸਟੈਂਡ ਤੋਂ ਗੜ੍ਹਾ ਰੋਡ ਰੇਲਵੇ ਫਾਟਕ 'ਤੇ ਬਣਨਗੇ | ਇਹਨਾਂ ਦੋਵੇਂ ਰੇਲਵੇ ਓਵਰ ਬ੍ਰਿਜ ਬਣਨ ਨਾਲ ਟ੍ਰੈਫਿਕ ਜਾਮ ਦੀ ਮੁਸ਼ਕਿਲ ਤੋਂ ਰਾਹਤ ਮਿਲੇਗੀ।

---------------------------------------------------

ਕੇਂਦਰ ਸਰਕਾਰ ਨੇ ਪੁਸ਼ਟੀ ਕੀਤੀ ਏ ਕਿ ਸਾਉਣੀ ਸੀਜ਼ਨ-2026 ਲਈ ਪੰਜਾਬ ਵਿੱਚ ਯੂਰੀਆ ਅਤੇ DAP ਖਾਦ ਦੀ ਲੋੜੀਂਦੀ ਮਾਤਰਾ ਉਪਲਬਧ ਏ। ਕੇਂਦਰ ਸਰਕਾਰ ਦੇ ਰਸਾਇਣ ਅਤੇ ਖਾਦ ਮੰਤਰਾਲੇ ਦੀ ਸੰਯੁਕਤ ਸਕੱਤਰ, ਬੰਦਨਾ ਪ੍ਰੇਯਸ਼ੀ ਮੁਤਾਬਿਕ ਪੰਜਾਬ ਨੂੰ 11 ਲਖ 45 ਹਜ਼ਾਰ ਮੀਟ੍ਰਿਕ ਟਨ ਯੂਰੀਆ ਅਤੇ 1 ਲਖ 80 ਹਜ਼ਾਰ  ਮੀਟ੍ਰਿਕ ਟਨ DAP ਉਪਲਬਧ ਕਰਵਾਈ ਗਈ ਏ, ਜੋ ਸੂਬੇ ਦੀ ਲੋੜ ਤੋਂ ਵੀ ਵੱਧ ਏ। ਇਸ ਵੇਲੇ ਸੂਬੇ ਕੋਲ 4 ਲਖ 27 ਹਜ਼ਾਰ ਮੀਟ੍ਰਿਕ ਟਨ ਯੂਰੀਆ ਅਤੇ 98, ਹਜ਼ਾਰ  ਮੀਟ੍ਰਿਕ ਟਨ DAP ਦਾ ਭੰਡਾਰ ਮੌਜੂਦ ਏ। BJP ਪੰਜਾਬ ਦੇ ਬੁਲਾਰੇ ਨੇ ਦੱਸਿਆ ਕਿ ਇਹ ਜਾਣਕਾਰੀ ਸੂਬੇ ਦੇ ਪਾਰਟੀ ਪ੍ਰਧਾਨ, ਕੇਵਲ ਸਿੰਘ ਢਿੱਲੋਂ ਵੱਲੋਂ 10 ਜੂਨ  ਨੂੰ ਕੇਂਦਰੀ ਰਸਾਇਣ ਅਤੇ ਖਾਦ ਮੰਤਰੀ ਨੂੰ ਲਿਖੇ ਪੱਤਰ ਦੇ ਜਵਾਬ ਵਿੱਚ ਦਿਤੀ ਗਈ ਏ।

---------------------------------------------------

ਪੰਜਾਬ ਦੇ ਐਨ.ਆਰ.ਆਈ. ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਏ ਕਿ ਪੰਜਾਬੀ ਪ੍ਰਵਾਸੀਆਂ ਨਾਲ ਸਬੰਧਤ ਹਰ ਮਸਲੇ

ਦਾ ਹੱਲ ਪੂਰੀ ਪਾਰਦਰਸ਼ਤਾ, ਮੈਰਿਟ ਅਤੇ ਮਿੱਥੇ ਸਮੇਂ ਅੰਦਰ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀਆਂ ਦੀਆਂ ਸਮੱਸਿਆਵਾਂ ਦੇ ਪ੍ਰਭਾਵਸ਼ਾਲੀ ਅਤੇ ਤੁਰੰਤ ਨਿਪਟਾਰੇ ਲਈ ਪੰਜਾਬ ਸਰਕਾਰ ਵੱਲੋਂ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਅੱਜ ਮੋਹਾਲੀ ਸਥਿਤ ਐਮਿਟੀ ਯੂਨੀਵਰਸਿਟੀ, ਵਿਖੇ ਕਰਵਾਈ ਗਈ 'ਐਨ.ਆਰ.ਆਈ. ਮਿਲਣੀ-2026' ਦੌਰਾਨ ਪ੍ਰਵਾਸੀ ਪੰਜਾਬੀਆਂ ਨੂੰ ਸੰਬੋਧਨ ਕਰਦਿਆਂ ਡਾ. ਰਵਜੋਤ ਸਿੰਘ ਨੇ ਕਿਹਾ ਕਿ ਇਸ ਵਿਸ਼ੇਸ਼ ਮਿਲਣੀ ਦਾ ਉਦੇਸ਼ ਐਨ.ਆਰ.ਆਈਜ਼ ਦੀਆਂ ਸਮੱਸਿਆਵਾਂ ਨੂੰ ਮੌਕੇ 'ਤੇ ਸੁਣਨਾ ਅਤੇ ਉਨ੍ਹਾਂ ਦੇ ਹੱਲ ਲਈ ਸਬੰਧਤ ਅਧਿਕਾਰੀਆਂ ਨਾਲ ਤੁਰੰਤ ਕਾਰਵਾਈ ਯਕੀਨੀ ਬਣਾਉਣਾ ਏ । ਇਸ ਮਿਲਣੀ ਵਿੱਚ ਮੋਹਾਲੀ , ਰੂਪਨਗਰ, ਪਟਿਆਲਾ ਅਤੇ ਫਤਹਿਗੜ੍ਹ ਸਾਹਿਬ ਜ਼ਿਲ੍ਹਿਆਂ ਨਾਲ ਸਬੰਧਤ ਵੱਡੀ ਗਿਣਤੀ ਵਿੱਚ ਪ੍ਰਵਾਸੀ ਪੰਜਾਬੀਆਂ ਨੇ ਹਿੱਸਾ ਲਿਆ। ਮੰਤਰੀ ਨੇ ਦੱਸਿਆ ਕਿ ਜਨਵਰੀ 2022 ਤੋਂ ਮਈ 2026 ਤੱਕ ਐਨ.ਆਰ.ਆਈ. ਵਿਭਾਗ ਕੋਲ ਕੁੱਲ 26 ਹਜ਼ਾਰ 828 ਸ਼ਿਕਾਇਤਾਂ ਪ੍ਰਾਪਤ ਹੋਈਆਂ, ਜਿਨ੍ਹਾਂ ਵਿੱਚੋਂ 25 ਹਜ਼ਾਰ 870 ਦਾ ਨਿਪਟਾਰਾ ਕੀਤਾ ਜਾ ਚੁੱਕਾ ਏ । ਇਸ ਦੌਰਾਨ 1 ਹਜ਼ਾਰ 187 ਐਫ.ਆਈ.ਆਰਜ਼ ਦਰਜ ਕੀਤੀਆਂ ਗਈਆਂ ਅਤੇ 1451 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਪ੍ਰਵਾਸੀ ਪੰਜਾਬੀਆਂ ਵੱਲੋਂ ਮੁੱਖ ਤੌਰ 'ਤੇ ਜਾਇਦਾਦ

ਵਿਵਾਦ, ਜ਼ਮੀਨਾਂ ’ਤੇ ਗੈਰ-ਕਾਨੂੰਨੀ ਕਬਜ਼ਿਆਂ, ਦਸਤਾਵੇਜ਼ੀ ਤਰੁੱਟੀਆਂ ਅਤੇ ਵਿਆਹੁਤਾ ਮਾਮਲਿਆਂ ਸਬੰਧੀ ਸ਼ਿਕਾਇਤਾਂ ਦਰਜ ਕਰਵਾਈਆਂ ਜਾਂਦੀਆਂ ਹਨ।

---------------------------------------------------------

ਪੰਜਾਬ ਦੇਸ਼ ਭਰ ਵਿੱਚੋਂ ਅਜਿਹਾ ਪਹਿਲਾ ਸੂਬਾ ਬਣ ਗਿਆ ਏ ਜਿਸ ਨੇ ਆਬਜ਼ਰਵੇਸ਼ਨ ਹੋਮਜ਼ ਅਤੇ ਸਪੈਸ਼ਲ ਹੋਮਜ਼ ਵਿੱਚ ਰਹਿ ਰਹੇ ਬੱਚਿਆਂ ਲਈ ‘ਹੁਨਰ ਵਿਕਾਸ ਪ੍ਰੋਗਰਾਮ’ ਦੀ ਸ਼ੁਰੂਆਤ ਕੀਤੀ ਏ । ਇਸ ਪ੍ਰੋਗਰਾਮ ਦੀ ਅਧਿਕਾਰਤ ਸ਼ੁਰੂਆਤ ਅੱਜ ‘ਆਬਾਜ਼ਰਵੇਸ਼ਨ ਹੋਮ ਫਾਰ ਬੁਆਇਇਜ਼, ਫ਼ਰੀਦਕੋਟ’ ਵਿਖੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕੀਤੀ। ਓਨ੍ਹਾਂ ਕਿਹਾ ਕਿ ਇਹ ਮੋਹਰੀ ਉਪਰਾਲਾ ਸੰਸਥਾਗਤ ਦੇਖਭਾਲ ਅਧੀਨ ਰਹਿ ਰਹੇ ਬੱਚਿਆਂ ਨੂੰ ਆਜ਼ਾਦ ਅਤੇ ਸਨਮਾਨਜਨਕ ਜੀਵਨ ਜਿਊਣ ਲਈ ਲੋੜੀਂਦੇ ਹੁਨਰ ਪ੍ਰਦਾਨ ਕਰਨ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਏ। ਇਸ ਪ੍ਰੋਗਰਾਮ ਤਹਿਤ ਬੱਚਿਆਂ ਦੀਆਂ ਲੋੜਾਂ ਮੁਤਾਬਕ ਵਿਸ਼ੇਸ਼ ਰੂਪ ਰੇਖਾ ਉਲੀਕੀ ਗਈ ਹੈ। ਆਬਜ਼ਰਵੇਸ਼ਨ ਹੋਮ ਦੇ ਬੱਚੇ ਜੋ ਆਰਜ਼ੀ ਦੇਖਭਾਲ, ਸੁਰੱਖਿਆ, ਕੌਂਸਲਿੰਗ, ਸਿੱਖਿਆ ਅਤੇ ਮੁੜ-ਵਸੇਬੇ ਲਈ ਸੰਸਥਾ ਵਿੱਚ ਰਹਿ ਰਹੇ ਨੇ ਲਈ ਸਿਖਲਾਈ ਦੌਰਾਨ ਮੁਖ ਧਿਆਨ ਅਨੁਸ਼ਾਸਨ, ਆਤਮ-ਵਿਸ਼ਵਾਸ, ਕੌਂਸਲਿੰਗ ਸਪੋਰਟ ਅਤੇ ਲਾਭਦਾਇਕ

ਰੋਜ਼ੀ-ਰੋਟੀ ਦੇ ਹੁਨਰਾਂ 'ਤੇ ਹੋਵੇਗਾ। ਦੂਜੇ ਪਾਸੇ, ਸਪੈਸ਼ਲ ਹੋਮ ਦੇ ਬੱਚੇ (ਜਿਨ੍ਹਾਂ ਨੂੰ ਵਿਵਹਾਰ ਸੁਧਾਰ, ਵੋਕੇਸ਼ਨਲ ਟ੍ਰੇਨਿੰਗ ਅਤੇ ਸਮਾਜਿਕ ਮੁੱਖ ਧਾਰਾ ਵਿੱਚ ਮੁੜ ਸ਼ਾਮਲ ਕਰਨ ਦੀ ਵਧੇਰੇ ਲੋੜ ਹੁੰਦੀ ਏ ਲਈ ਹੁਨਰ ਸਿਖਲਾਈ ਨੂੰ ਲੰਬੇ ਸਮੇਂ ਦੇ ਮੁੜ-ਵਸੇਬਾ ਪਲਾਨ ਨਾਲ ਜੋੜਿਆ ਜਾਵੇਗਾ। ਕੈਬਨਿਟ ਮੰਤਰੀ ਨੇ ਦੱਸਿਆ ਕਿ ਪਹਿਲੇ ਗੇੜ ਦੌਰਾਨ ਸੂਬੇ ਭਰ ਦੀਆਂ ਚਾਰ ਚਾਈਲਡ ਕੇਅਰ ਸੰਸਥਾਵਾਂ ਵਿੱਚ ਰਹਿ ਰਹੇ ਕੁੱਲ 420 ਬੱਚਿਆਂ ਵਿੱਚੋਂ 211 ਬੱਚਿਆਂ ਨੂੰ ਰੁਜ਼ਗਾਰ ਮੁਖੀ ਕਿੱਤਿਆਂ ਵਿੱਚ ਵੋਕੇਸ਼ਨਲ ਟ੍ਰੇਨਿੰਗ ਦਿੱਤੀ ਜਾਵੇਗੀ।

---------------------------------------------------------

ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਹਲਕਾ ਫ਼ਰੀਦਕੋਟ ਵਿੱਚ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਸ੍ਰੀ ਬਰਿੰਦਰ ਗੋਇਲ ਨੇ ਤਲਵੰਡੀ ਰੋਡ ਫ਼ਰੀਦਕੋਟ ਵਿਖੇ ਰਾਜਸਥਾਨ ਫੀਡਰ ਨਹਿਰ ਅਤੇ ਫ਼ਰੀਦਕੋਟ-ਕੋਟਕਪੂਰਾ ਰੋਡ ’ਤੇ ਸਰਹਿੰਦ ਫੀਡਰ ਨਹਿਰ ਉੱਪਰ ਨਵੇਂ ਬਣੇ ਸਿੰਗਲ ਸਪੈਨ ਸਟੀਲ ਪੁਲਾਂ ਦਾ ਉਦਘਾਟਨ ਕੀਤਾ। ਉਨ੍ਹਾਂ ਦੱਸਿਆ ਕਿ ਫ਼ਰੀਦਕੋਟ ਸ਼ਹਿਰ ਦੀਆਂ ਦੋ ਮੁੱਖ ਸੜਕਾਂ ਉੱਪਰ ਬਣੇ ਇਹ ਪੁਲ ਆਧੁਨਿਕ ਤਕਨੀਕ ਨਾਲ ਤਿਆਰ ਕੀਤੇ ਗਏ ਹਨ। ਪਹਿਲਾਂ ਇਨ੍ਹਾਂ ਸਥਾਨਾਂ ’ਤੇ ਬਣੇ ਪੁਲ ਲਗਭਗ 60 ਸਾਲ ਪੁਰਾਣੇ ਸਨ, ਜਿਨ੍ਹਾਂ ਕਾਰਨ ਵਧ ਰਹੀ ਟਰੈਫਿਕ ਦੇ ਮੱਦੇਨਜ਼ਰ ਆਵਾਜਾਈ ਵਿੱਚ

ਦਿੱਕਤਾਂ ਆ ਰਹੀਆਂ ਸਨ। ਉਨ੍ਹਾਂ ਦੱਸਿਆ ਕਿ ਕੁੱਲ 38 ਕਰੋੜ 16 ਲੱਖ ਰੁਪਏ ਦੀ ਲਾਗਤ ਨਾਲ ਬਣੇ ਇਨ੍ਹਾਂ ਪੁਲਾਂ ਨਾਲ ਫ਼ਰੀਦਕੋਟ ਸ਼ਹਿਰ ਅਤੇ ਆਸ-ਪਾਸ ਦੇ ਇਲਾਕਿਆਂ ਦੀ ਟਰੈਫਿਕ ਸਮੱਸਿਆ ਦਾ ਹੱਲ ਹੋਇਆ ਏ ਅਤੇ ਲੋਕਾਂ ਨੂੰ ਬਿਹਤਰ ਆਵਾਜਾਈ ਸਹੂਲਤਾਂ ਪ੍ਰਾਪਤ ਹੋਈਆਂ ਹਨ। ਇਸ ਉਪਰੰਤ ਕੈਬਨਿਟ ਮੰਤਰੀ ਨੇ ਪਿੰਡ ਹਸਨ ਭੱਟੀ ਵਿਖੇ ਨਹਿਰੀ ਮੋਘੇ ਅਤੇ ਵਿਧਾਨ ਸਭਾ ਹਲਕਾ ਫ਼ਰੀਦਕੋਟ ਅਧੀਨ 21 ਮੋਘਿਆਂ ਦੇ ਪੱਕੇ ਖਾਲਿਆਂ ਦਾ ਉਦਘਾਟਨ ਵੀ ਕੀਤਾ। ਉਨ੍ਹਾਂ ਕਿਹਾ ਕਿ ਫ਼ਰੀਦਕੋਟ ਹਲਕੇ ਵਿੱਚ ਪੱਕੇ ਪਾਣੀ ਦੇ ਖਾਲਿਆਂ ਦੀ ਉਸਾਰੀ ਨਾਲ ਨਹਿਰੀ ਪਾਣੀ ਦੀ ਸੁਚੱਜੀ ਵਰਤੋਂ ਯਕੀਨੀ ਬਣੀ ਹੈ ਅਤੇ ਕਿਸਾਨਾਂ ਨੂੰ ਵੱਡਾ ਲਾਭ ਮਿਲੇਗਾ। ਉਨ੍ਹਾਂ ਦੱਸਿਆ ਕਿ ਹਲਕੇ ਵਿੱਚ 34 ਕਿਲੋਮੀਟਰ ਲੰਬੇ ਪੱਕੇ ਖਾਲੇ ਤਿਆਰ ਕੀਤੇ ਗਏ ਹਨ, ਜਿਨ੍ਹਾਂ ’ਤੇ ਲਗਭਗ 11.ਕਰੋੜ 90 ਲਖ ਰੁਪਏ ਦੀ ਲਾਗਤ ਆਈ ਏ । ਇਨ੍ਹਾਂ ਪ੍ਰਾਜੈਕਟਾਂ ਨਾਲ 780 ਏਕੜ ਰਕਬੇ ਨੂੰ ਸਿੱਧਾ ਲਾਭ ਮਿਲੇਗਾ। ਪੱਕੇ ਖਾਲਿਆਂ ਰਾਹੀਂ ਪਾਣੀ ਦੀ ਬਰਬਾਦੀ ਨਹੀਂ ਹੋਵੇਗੀ ਅਤੇ ਪਾਣੀ ਦੀ ਪਹੁੰਚ ਖੇਤਾਂ ਤੱਕ ਤੇਜ਼ੀ ਅਤੇ ਸੁਚਾਰੂ ਢੰਗ ਨਾਲ ਹੋਵੇਗੀ, ਜਿਸ ਨਾਲ ਕਿਸਾਨਾਂ ਨੂੰ ਬਿਹਤਰ ਸਿੰਚਾਈ ਸਹੂਲਤਾਂ ਪ੍ਰਾਪਤ ਹੋਣਗੀਆਂ।

---------------------------------------------------------

ਸੂਬੇ ਦੇ ਜਨਤਕ ਟ੍ਰਾਂਸਪੋਰਟ ਨੈੱਟਵਰਕ ਵਿੱਚ ਢਾਂਚਾਗਤ ਚੁਣੌਤੀਆਂ ਨੂੰ

ਹੱਲ ਕਰਨ ਅਤੇ ਯੋਜਨਾਬੱਧ ਤਰੀਕੇ ਨਾਲ ਨਜਿੱਠਣ ਲਈ  ਪੰਜਾਬ ਦੇ ਵਿੱਤ ਅਤੇ ਟਰਾਂਸਪੋਰਟ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਮਿੰਨੀ ਬੱਸ ਅਪਰੇਟਰਾਂ ਦੀ ਐਸੋਸੀਏਸ਼ਨ ਦੇ ਇੱਕ ਉੱਚ ਪੱਧਰੀ ਵਫ਼ਦ ਨਾਲ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕੀਤੀ।  ਪੰਜਾਬ ਸਿਵਲ ਸਕੱਤਰੇਤ ਵਿਖੇ ਇਸ ਅਹਿਮ ਸੈਸ਼ਨ ਦੌਰਾਨ  ਮੰਤਰੀ ਨੇ ਐਸੋਸੀਏਸ਼ਨ ਵੱਲੋਂ ਆਪਣੀਆਂ ਸੰਚਾਲਨ ਸਬੰਧੀ ਮੁਸ਼ਕਲਾਂ ਬਾਰੇ ਸੌਂਪੇ ਗਏ ਇੱਕ ਵੇਰਵੇ ਸਮੇਤ ਮੰਗ ਪੱਤਰ ਦਾ ਬਾਰੀਕੀ ਨਾਲ ਮੁਲਾਂਕਣ ਕੀਤਾ। ਵਿੱਤ ਮੰਤਰੀ ਨੇ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਲੋੜ ਮੁਤਾਬਕ ਤੁਰੰਤ ਪ੍ਰਸ਼ਾਸਨਿਕ ਦਖਲਅੰਦਾਜ਼ੀ ਕਰਨ ਦੇ ਨਿਰਦੇਸ਼ ਜਾਰੀ ਕੀਤੇ । ਵਾਹਨਾਂ ਦੀ ਪਾਸਿੰਗ ਫੀਸ ਵਿੱਚ ਭਾਰੀ ਵਾਧੇ ਨਾਲ ਸਬੰਧਤ ਮੁੱਖ ਸ਼ਿਕਾਇਤ 'ਤੇ  ਚਰਚਾ ਕਰਦਿਆਂ ਵਿੱਤ ਮੰਤਰੀ ਨੇ ਵਫ਼ਦ ਨੂੰ ਭਰੋਸਾ ਦਿੱਤਾ ਕਿ ਸੂਬਾ ਸਰਕਾਰ ਉਨ੍ਹਾਂ ਦੀਆਂ ਵਿੱਤੀ ਦੇਣਦਾਰੀਆਂ ਨੂੰ ਘੱਟ ਕਰਨ ਲਈ ਸਾਰੇ ਕਾਨੂੰਨੀ ਹੱਲਾਂ ਉੱਤੇ ਵਿਚਾਰ ਕਰੇਗੀ। ਗ਼ੈਰ-ਕਾਨੂੰਨੀ ਤੌਰ ‘ਤੇ ਚੱਲਣ ਵਾਲੇ ਵਾਹਨਾਂ ਕਾਰਨ ਪੈਦਾ ਹੋਣ ਵਾਲੀਆਂ ਗੰਭੀਰ ਸੰਚਾਲਨ ਸਮੱਸਿਆਵਾਂ ਦਾ ਜ਼ਿਕਰ ਕਰਦਿਆਂ ਟਰਾਂਸਪੋਰਟ ਮੰਤਰੀ ਨੇ ਨਿਰਧਾਰਤ ਮਿੰਨੀ ਬੱਸ ਰੂਟਾਂ 'ਤੇ ਚੱਲਣ ਵਾਲੇ ਅਜਿਹੇ ਗ਼ੈਰ-ਨਿਯਮਿਤ ਵਾਹਨਾਂ ਵਿਰੁੱਧ ਤੁਰੰਤ ਸਖ਼ਤ ਕਾਰਵਾਈ ਕਰਨ ਦੇ ਹੁਕਮ ਦਿੱਤੇ।

--------------------------------------------------------

ਪੰਜਾਬ ਵਿੱਚ ਕੈਂਸਰ ਦੇਖਭਾਲ ਸੇਵਾਵਾਂ ਦੇ ਖੇਤਰ ਵਿਚ ਰਾਜ ਸਥਿਤ ਹੋਮੀ ਭਾਭਾ ਕੈਂਸਰ ਹਸਪਤਾਲ ਅਤੇ ਖੋਜ ਕੇਂਦਰ ਨੇ ਆਪਣੀ ਸੰਗਰੂਰ ਇਕਾਈ ਵਿੱਚ ਅਪਗ੍ਰੇਡ ਕੀਤੀ ਟੈਲੀਥੈਰੇਪੀ ਮਸ਼ੀਨ ਨਾਲ ਆਪਣੀਆਂ ਰੇਡੀਓਥੈਰੇਪੀ ਸਹੂਲਤਾਂ ਨੂੰ ਅਪਡੇਟ ਕੀਤਾ ਏ । ਇਹ ਇਲਾਜ ਸਮਰੱਥਾ ਨੂੰ ਵਧਾਏਗਾ, ਕੁਸ਼ਲਤਾ ਵਿੱਚ ਸੁਧਾਰ ਕਰੇਗਾ, ਅਤੇ ਰੇਡੀਏਸ਼ਨ ਥੈਰੇਪੀ ਦੀ ਲੋੜ ਵਾਲੇ ਕੈਂਸਰ ਮਰੀਜ਼ਾਂ ਲਈ ਉਡੀਕ ਸਮੇਂ ਨੂੰ ਮਹੱਤਵਪੂਰਨ ਤੌਰ 'ਤੇ ਘਟਾਏਗਾ। ਭਾਭਾ ਕੈਂਸਰ ਸੈਂਟਰ ਦੇ ਡਾਇਰੈਕਟਰ, ਡਾ. ਅਸ਼ੀਸ਼ ਗੁਲੀਆ ਨੇ ਕਿਹਾ ਕਿ ਇਹ ਵਿਕਾਸ ਖੇਤਰ ਦੇ ਮਰੀਜ਼ਾਂ ਲਈ ਸਮੇਂ ਸਿਰ ਅਤੇ ਪਹੁੰਚਯੋਗ ਕੈਂਸਰ ਇਲਾਜ ਨੂੰ ਯਕੀਨੀ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਏ । ਉਨ੍ਹਾਂ ਕਿਹਾ ਕਿ ਇਸ ਅਪਗ੍ਰੇਡੇਸ਼ਨ ਨਾਲ, ਲਗਭਗ 65 ਮਰੀਜ਼ਾਂ ਨੂੰ ਪ੍ਰਤੀ ਦਿਨ ਰੇਡੀਏਸ਼ਨ ਦਿੱਤੀ ਜਾਵੇਗੀ। ਇਸ ਨਾਲ ਮਰੀਜ਼ਾਂ ਲਈ ਉਡੀਕ ਸਮਾਂ 6 ਤੋਂ 8 ਹਫ਼ਤਿਆਂ ਤੋਂ ਘਟਾ ਕੇ ਸਿਰਫ਼ 4 ਹਫ਼ਤੇ ਰਹਿ ਜਾਵੇਗਾ। ਪਹਿਲਾਂ, ਮਸ਼ੀਨ ਨਾਲ ਰੋਜ਼ਾਨਾ ਸਿਰਫ਼ 15 ਤੋਂ 20 ਮਰੀਜ਼ਾਂ ਨੂੰ ਸੇਵਾਵਾਂ ਮਿਲ ਰਹੀਆਂ ਸਨ । ਹੋਮੀ ਭਾਭਾ ਕੈਂਸਰ ਹਸਪਤਾਲ ਅਤੇ ਖੋਜ ਕੇਂਦਰ, ਪੰਜਾਬ ਭਾਰਤ ਸਰਕਾਰ ਦੇ ਪਰਮਾਣੂ ਊਰਜਾ ਵਿਭਾਗ ਅਧੀਨ ਟਾਟਾ ਮੈਮੋਰੀਅਲ ਸੈਂਟਰ ਦੀ ਇੱਕ ਇਕਾਈ ਏ ।

---------------------------------------------------

ਆਸ਼ਾ ਵਰਕਰਜ਼ ਐਂਡ ਫੈਸੀਲੀਟੇਟਰਜ਼ ਯੂਨੀਅਨ, ਪੰਜਾਬ ਨੇ ਅੱਜ

ਪੰਜਾਬ ਦੇ ਵਿੱਤ ਮੰਤਰੀ ਅਤੇ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ, ਐਡਵੋਕੇਟ ਹਰਪਾਲ ਸਿੰਘ ਚੀਮਾ ਦਾ ਉਨ੍ਹਾਂ ਨੂੰ  ਜੀਵਨ ਬੀਮਾ ਯੋਜਨਾ ਮੁਹੱਈਆ ਕਰਵਾਉਣ ਵਿੱਚ ਨਿਭਾਈ ਅਹਿਮ ਭੂਮਿਕਾ ਲਈ ਧੰਨਵਾਦ ਪ੍ਰਗਟਾਇਆ। ਵੱਖ-ਵੱਖ ਮੁਲਾਜ਼ਮ ਜਥੇਬੰਦੀਆਂ ਨਾਲ ਹੋਈਆਂ ਵਿਆਪਕ ਵਿਚਾਰ-ਵਟਾਂਦਰਿਆਂ ਦੀ ਲੜੀ ਦੌਰਾਨ ਵਿੱਤ ਮੰਤਰੀ ਨਾਲ ਮੁਲਾਕਾਤ ਕਰਦਿਆਂ ਯੂਨੀਅਨ ਨੇ ਨਵੇਂ ਲਾਗੂ ਕੀਤੇ ਗਏ ਵਿੱਤੀ ਸੁਰੱਖਿਆ ਉਪਾਵਾਂ ਦਾ ਸਵਾਗਤ ਕੀਤਾ। ਇਸੇ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਟਰਾਂਸਪੋਰਟ, ਖੇਤੀਬਾੜੀ ਅਤੇ ਵਿਦਿਅਕ ਗੈਰ-ਅਧਿਆਪਨ ਜਥੇਬੰਦੀਆਂ  ਦੀਆਂ ਮੰਗਾਂ ਅਤੇ ਮੁੱਦਿਆਂ ਦੀ ਗੰਭੀਰਤਾ ਨਾਲ ਸੁਣਵਾਈ ਕਰਦਿਆਂ ਸਬੰਧਤ ਵਿਭਾਗਾਂ ਨੂੰ ਸੇਵਾਵਾਂ ਨੂੰ ਰੈਗੂਲਰ ਕਰਨ ਅਤੇ ਤਨਖਾਹਾਂ ਵਿੱਚ ਵਾਧੇ ਨਾਲ ਸਬੰਧਤ ਸਾਰੀਆਂ ਜਾਇਜ਼ ਮੰਗਾਂ 'ਤੇ ਤੁਰੰਤ ਕਾਰਵਾਈ ਕਰਨ ਦੇ ਸਖ਼ਤ ਨਿਰਦੇਸ਼ ਜਾਰੀ ਕੀਤੇ। ਨੁਮਾਇੰਦਿਆਂ ਨੇ ਕਿਹਾ ਕਿ  ਵਿੱਤ ਮੰਤਰੀ ਨੇ ਸੂਬੇ ਭਰ ਦੀਆਂ ਆਸ਼ਾ ਵਰਕਰਾਂ ਅਤੇ ਫੈਸੀਲੀਟੇਟਰਾਂ ਲਈ ਹਾਦਸੇ ਦੌਰਾਨ ਮੌਤ ਹੋਣ ਦੀ ਸੂਰਤ ਵਿੱਚ 30 ਲੱਖ ਰੁਪਏ ਅਤੇ ਕੁਦਰਤੀ ਮੌਤ ਦੇ ਮਾਮਲੇ ਵਿੱਚ 5 ਲੱਖ ਰੁਪਏ ਦਾ ਜੀਵਨ ਬੀਮਾ ਕਵਰ ਯਕੀਨੀ ਬਣਾਉਣ ਵਿੱਚ ਫੈਸਲਾਕੁੰਨ ਭੂਮਿਕਾ ਨਿਭਾਈ ਏ । ਤੀ ਸੁਰੱਖਿਆ ਮਿਲੇਗੀ।

--------------------------------------------------

ਮੌਸਮ ਵਿਭਾਗ ਨੇ ਅੱਜ ਤੋਂ ਲੈ ਕੇ 26 ਜੂਨ ਤੱਕ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਕੁਝ ਥਾਵਾਂ 'ਤੇ ਤੇਜ਼ ਹਵਾਵਾਂ ਚੱਲਣ ਅਤੇ ਗਰਜ ਚਮਕ ਦੇ ਨਾਲ ਹਲਕੀ ਤੋਂ ਦਰਮਿਆਨੀ ਬਾਰਿਸ਼ ਬਾਰੇ ਯੈਲੋ ਅਲਰਟ ਜਾਰੀ ਕੀਤਾ ਏ । ਇਸ ਦੌਰਾਨ ਅੱਜ ਹਰਿਆਣਾ ਅਤੇ ਚੰਡੀਗੜ੍ਹ ਵਿੱਚ ਕੁਝ ਥਾਵਾਂ 'ਤੇ ਔਰੇਂਜ ਅਲਰਟ ਵੀ ਜਾਰੀ ਕੀਤਾ ਗਿਆ। ਇਸਦੇ ਨਾਲ ਹੀ ਆਉਂਦੇ ਤਿੰਨ ਦਿਨਾਂ ਦੌਰਾਨ ਵੱਧ ਤੋਂ ਵੱਧ ਤਾਪਮਾਨ ਵਿੱਚ ਦੋ ਤੋਂ ਤਿੰਨ ਡਿਗਰੀ ਸੈਲਸੀਅਸ ਵਾਧਾ ਹੋਏਗਾ। ਇਹਨਾਂ ਸੂਬਿਆਂ ਵਿੱਚ ਅੱਜ ਦਰਜ ਕੀਤੇ ਗਏ ਵੱਧ ਤੋਂ ਵੱਧ ਤਾਪਮਾਨ ਨਾਲ ਪੰਜਾਬ ਵਿੱਚ ਬਠਿੰਡਾ 41.6 ਡਿਗਰੀ ਸੈਲਸੀਅਸ ਅਤੇ ਹਰਿਆਣਾ ਦੇ ਫਰੀਦਾਬਾਦ 'ਚ ਬੋਪਾਨੀ 41.2 ਡਿਗਰੀ ਸੈਲਸੀਅਸ ਤਾਪਮਾਨ ਨਾਲ ਸਭ ਤੋਂ ਗਰਮ ਸ਼ਹਿਰ ਰਿਹਾ |

---

- ਪੰਜਾਬ 'ਚ ਕੱਲ੍ਹ 25 ਜੂਨ ਤੋਂ ਵੋਟਰ ਸੂਚੀਆਂ ਦੀ ਮਹੀਨਾ ਭਰ ਚੱਲਣ ਵਾਲੀ ਵਿਸ਼ੇਸ਼ ਤੀਬਰ ਸੋਧ-SIR ਹੋਵੇਗੀ ਸ਼ੁਰੂ।

- ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਅੱਜ ਜਲੰਧਰ ਦੇ ਮੁੱਖ ਰੇਲਵੇ ਫਾਟਕਾਂ 'ਤੇ ਬਣਾਏ ਜਾਣ ਵਾਲੇ ਓਵਰ ਬ੍ਰਿਜਾਂ ਦੇ ਨੀਂਹ ਪੱਥਰ ਰੱਖਿਆ।

- ਕੇਂਦਰ ਸਰਕਾਰ ਨੇ ਪੁਸ਼ਟੀ ਕੀਤੀ -ਸਾਉਣੀ ਸੀਜ਼ਨ-2026 ਲਈ ਪੰਜਾਬ ਵਿੱਚ ਯੂਰੀਆ ਅਤੇ DAP ਖਾਦ ਦੀ ਲੋੜੀਂਦੀ ਮਾਤਰਾ ਉਪਲਬਧ ਏ।

- ਪੰਜਾਬ ਸਰਕਾਰ ਵੱਲੋਂ ਮੋਹਾਲੀ ਵਿਖੇ "ਐਨ.ਆਰ.ਆਈ. ਮਿਲਣੀ-2026" ਦਾ ਆਯੋਜਨ।

- ਮੌਸਮ ਵਿਭਾਗ ਨੇ ਅੱਜ ਤੋਂ ਲੈ ਕੇ 26 ਜੂਨ ਤੱਕ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਕੁਝ ਥਾਵਾਂ 'ਤੇ ਗਰਜ ਚਮਕ ਦੇ ਨਾਲ ਹਲਕੀ ਤੋਂ ਦਰਮਿਆਨੀ ਵਰਖਾ ਬਾਰੇ ਯੈਲੋ ਅਲਰਟ ਜਾਰੀ ਕੀਤਾ ।

---------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7.30 ਵਜੇ ਨਮਸਕਾਰ** !